# Prime Minister Shri Narendra Modi speaks on telephone with His Excellency Mr. Vladimir Putin, President of the Russian Federation

July 01, 2022

## ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਰੂਸੀ ਸੰਘ ਦੇ ਰਾਸ਼ਟਪਤੀ ਮਹਾਮਹਿਮ ਵਲਾਦੀਮੀਰ ਪੁਤਿਨ ਨਾਲ ਟੈਲੀਫੋਨ ’ਤੇ ਗੱਲ ਕੀਤੀ

**ਜੁਲਾਈ 01, 2022**

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਰੂਸੀ ਸੰਘ ਦੇ ਰਾਸ਼ਟਰਪਤੀ ਮਹਾਮਹਿਮ ਵਲਾਦੀਮੀਰ ਪੁਤਿਨ ਦੇ ਨਾਲ ਟੈਲੀਫੋਨ ’ਤੇ ਗੱਲਬਾਤ ਕੀਤੀ।

ਦੋਹਾਂ ਨੇਤਾਵਾਂ ਨੇ ਦਸੰਬਰ 2021 ਵਿੱਚ ਰਾਸ਼ਟਰਪਤੀ ਪੁਤਿਨ ਦੀ ਭਾਰਤ ਯਾਤਰਾ ਦੇ ਦੌਰਾਨ ਲਏ ਗਏ ਫ਼ੈਸਲਿਆਂ ਦੇ ਲਾਗੂਕਰਨ ਦੀ ਸਮੀਖਿਆ ਕੀਤੀ। ਵਿਸ਼ੇਸ਼ ਤੌਰ ’ਤੇ, ਦੋਹਾਂ ਨੇਤਾਵਾਂ ਨੇ ਖੇਤੀਬਾੜੀ ਵਸਤਾਂ, ਖਾਦਾਂ ਅਤੇ ਫਾਰਮਾ ਉਤਪਾਦਾਂ ਦੇ ਖੇਤਰ ਵਿੱਚ ਦੁਵੱਲੇ ਵਪਾਰ ਨੂੰ ਹੋਰ ਅੱਗੇ ਪ੍ਰੋਤਸਾਹਨ ਕੀਤੇ ਜਾਣ ਬਾਰੇ ਵਿਚਾਰਾਂ ਦਾ ਅਦਾਨ-ਪ੍ਰਦਾਨ ਕੀਤਾ।

ਦੋਹਾਂ ਨੇਤਾਵਾਂ ਨੇ ਅੰਤਰਰਾਸ਼ਟਰੀ ਊਰਜਾ ਅਤੇ ਖੁਰਾਕ ਬਜ਼ਾਰਾਂ ਦੀ ਸਥਿਤੀ ਸਮੇਤ ਵਿਭਿੰਨ ਆਲਮੀ ਮੁੱਦਿਆਂ ’ਤੇ ਵੀ ਚਰਚਾ ਕੀਤੀ।

ਯੂਕ੍ਰੇਨ ਵਿੱਚ ਜਾਰੀ ਸਥਿਤੀ ਦੇ ਸੰਦਰਭ ਵਿੱਚ, ਪ੍ਰਧਾਨ ਮੰਤਰੀ ਨੇ ਵਾਰਤਾ ਅਤੇ ਕੂਟਨੀਤੀ ਦੇ ਪੱਖ ਵਿੱਚ ਭਾਰਤ ਦੇ ਪੁਰਾਣੇ ਦ੍ਰਿਸ਼ਟੀਕੋਣ ਨੂੰ ਦੁਹਰਾਇਆ।

ਦੋਹਾਂ ਨੇਤਾਵਾਂ ਨੇ ਆਲਮੀ ਅਤੇ ਦੁਵੱਲੇ ਮੁੱਦਿਆਂ ’ਤੇ ਨਿਯਮਿਤ ਰੂਪ ਨਾਲ ਵਿਚਾਰ-ਵਟਾਂਦਰਾ ਜਾਰੀ ਰੱਖਣ ’ਤੇ ਸਹਿਮਤੀ ਵਿਅਕਤ ਕੀਤੀ।

ਨਵੀਂ ਦਿੱਲੀ
**ਜੁਲਾਈ 01, 2022**

DISCLAIMER: This is an approximate translation. The original is available in English on MEA’s website and may be referred to as the official press release.